# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-10-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਦਿਆਰਥੀਆਂ ਨੂੰ ਆਪਣੇ ਵਿਵਹਾਰ ਅਤੇ ਗਤੀਵਿਧੀਆਂ ਵਿੱਚ ਮਜ਼ਬੂਤ ਨੈਤਿਕ ਕਦਰਾਂ ਕੀਮਤਾਂ ਅਪਣਾਉਣ ਦਾ ਸੱਦਾ ਦਿੱਤਾ ਏ।
- ਖ਼ੂਨਦਾਨ ਕਰਨ ਵਿੱਚ ਪੰਜਾਬ ਸਮੁੱਚੇ ਭਾਰਤ ਦੇ ਤਿੰਨ ਮੋਹਰੀ ਸੂਬਿਆਂ ਵਿਚੋਂ ਇੱਕ।
- ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ, ਪੰਚਾਇਤੀ ਚੋਣਾਂ ਸਬੰਧੀ ਦਾਇਰ ਸਾਰੀਆਂ ਪਟੀਸ਼ਨਾਂ ਰੱਦ ਕੀਤੀਆਂ।
- ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਗਿਆ। ਵੋਟਾਂ ਸ਼ਨੀਵਾਰ ਨੂੰ ਪੈਣਗੀਆਂ।

- ਮਾਤਾ ਦੁਰਗਾ ਦੀ ਪੂਜਾ ਦਾ 9 ਦਿਨਾਂ ਨਰਾਤੇਆਂ ਦਾ ਤਿਉਹਾਰ - ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋਇਆ- ਅੰਮ੍ਰਿਤਸਰ ਵਿਖੇ ਵਿਸ਼ਵ ਪ੍ਰਸਿੱਧ ਲੰਗੂਰ ਮੇਲੇ ਦਾ ਆਗਾਜ਼ ।

  ------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਏ ਕਿ ਉਹ, ਆਪਣੀ ਜ਼ਿੰਦਗੀ ਵਿੱਚ ਕੋਈ ਅਜਿਹਾ ਕੰਮ ਨਾ ਕਰਨ, ਜਿਸ ਨਾਲ ਉਨ੍ਹਾਂ ਦੇ ਚਰਿੱਤਰ ਨੂੰ ਢਾਹ ਲੱਗੇ । ਉਨ੍ਹਾਂ ਕਿਹਾ ਕਿ ਉੱਚ ਨੈਤਿਕ ਕਦਰਾਂ-ਕੀਮਤਾਂ, ਉਨ੍ਹਾਂ ਦੇ ਵਿਹਾਰ ਅਤੇ ਕਾਰਜਸ਼ੈਲੀ ਦਾ ਹਿੱਸਾ ਹੋਣੀਆਂ ਚਾਹੀਦੀਆਂ ਨੇ । ਰਾਸ਼ਟਰਪਤੀ ਮੁਰਮੂ ਅੱਜ ਰਾਜਸਥਾਨ ਵਿਚ ਆਪਣੇ ਦੋ ਦਿਨਾਂ ਦੌਰੇ ਦੇ ਪਹਿਲੇ ਦਿਨ ਉਦੈਪੁਰ ਵਿੱਚ ਮੋਹਨ ਲਾਲ ਸੁਖਾੜਿਆ ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਰਾਸ਼ਟਰਪਤੀ ਨੇ ਕਿਹਾ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ, ਸਿੱਖਿਆ ਨਾਲੋਂ ਚਰਿੱਤਰ ਨੂੰ ਵਧੇਰੇ ਮਹੱਤਵਪੂਰਨ ਮੰਨਦੇ ਸਨ। BYTE:ਰਾਸ਼ਟਰਪਤੀ ਨੇ ਕਿਹਾ ਕਿ 21ਵੀਂ ਸਦੀ ਵਿੱਚ, ਗਿਆਨ, ਵਿਗਿਆਨ ਅਤੇ ਤਕਨਾਲੋਜੀ ਸਮੇਤ ਹਰ ਖੇਤਰ ਵਿੱਚ ਤੇਜ਼ੀ ਨਾਲ

ਤਬਦੀਲੀਆਂ ਆ ਰਹੀਆਂ ਨੇ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਅਜਿਹੇ ਸਮੇਂ ਵਿੱਚ ਉਨ੍ਹਾਂ ਨੂੰ ਆਪਣੀ ਪੜ੍ਹਾਈ ਦੀ ਸਾਰਥਿਕਤਾ ਨੂੰ ਬਰਕਰਾਰ ਰੱਖਣ ਲਈ ਵਿਦਿਆਰਥੀ ਭਾਵਨਾ ਨੂੰ ਕਾਇਮ ਰੱਖਣ ਦੀ ਲੋੜ ਏ। ਉਨ੍ਹਾਂ ਵਿਦਿਆਰਥੀਆਂ ਨੂੰ ਨਿੱਜੀ ਅਭਿਲਾਸ਼ਾ ਅਤੇ ਸਮਾਜਿਕ ਸੰਵੇਦਨਸ਼ੀਲਤਾ ਵਿਚਕਾਰ ਸੰਤੁਲਨ ਬਣਾ ਕੇ ਅੱਗੇ ਵਧਣ ਦਾ ਸੱਦਾ ਦਿੱਤਾ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਰੇਡੀਓ ਪ੍ਰੋਗਰਾਮ ‘ਮਨ ਕੀ ਬਾਤ’ ਨੂੰ ਅੱਜ 10 ਸਾਲ ਪੂਰੇ ਹੋ ਗਏ ਨੇ। ਸਾਲ 2014 ਵਿੱਚ ਅੱਜ ਦੇ ਦਿਨ ਸ੍ਰੀ ਮੋਦੀ ਨੇ, ਆਕਾਸ਼ਵਾਣੀ 'ਤੇ ਇਸ ਪ੍ਰੋਗਰਾਮ ਰਾਹੀਂ, ਦੇਸ਼ ਵਾਸੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਨੇ ਸ਼ੁਰੂ ਕੀਤੇ ਸਨ। ਪ੍ਰੋਗਰਾਮ ਦੇ ਇਸ 10 ਸਾਲਾਂ ਦੇ ਸਫ਼ਰ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਮਹੱਤਵਪੂਰਨ ਸਮਾਜਿਕ, ਸੱਭਿਆਚਾਰਕ, ਵਾਤਾਵਰਣ ਸੁਰੱਖਿਆ ਅਤੇ ਆਮ ਵਿਵਹਾਰ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਮਨ ਕੀ ਬਾਤ ਪ੍ਰੋਗਰਾਮ, ਪ੍ਰਧਾਨ ਮੰਤਰੀ ਅਤੇ ਆਮ ਨਾਗਰਿਕਾਂ ਵਿਚਕਾਰ ਸੰਚਾਰ ਦਾ ਇੱਕ ਸ਼ਕਤੀਸ਼ਾਲੀ

ਮਾਧਿਅਮ ਬਣ ਗਿਆ ਏ। ਪਿਛਲੇ ਮਹੀਨੇ 'ਮਨ ਕੀ ਬਾਤ' 'ਚ ਮੋਦੀ ਨੇ ਕਿਹਾ ਸੀ ਕਿ ਪ੍ਰੋਗਰਾਮ ਦਾ 10 ਸਾਲਾਂ ਦਾ ਲੰਬਾ ਸਫ਼ਰ ਇਕ ਮਾਲਾ ਦਾ ਰੂਪ ਧਾਰਨ ਕਰ ਗਿਆ ਏ , ਜਿਸ ਵਿਚ ਹਰ ਕੜੀ ਨਵੇਂ ਤਜ਼ਰਬੇ, ਨਵੀਆਂ ਕਹਾਣੀਆਂ ਅਤੇ ਨਵੀਂ ਸ਼ਖਸੀਅਤ ਨੂੰ ਜੋੜਦੀ ਏ। BYTE:

----------------------------------------------------

ਪੰਜਾਬ ਨੇ ਸਵੈ-ਇੱਛਾ ਤੇ ਸੇਵਾ-ਭਾਵ ਨਾਲ ਖ਼ੂਨ ਦਾਨ ਕਰਨ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ, ਦੇਸ਼ ਭਰ ਦੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ ਏ। ਪੰਜਾਬ ਨੂੰ ਇਹ ਮਾਨਤਾ, ਜੈਪੁਰ, ਰਾਜਸਥਾਨ ਵਿਖੇ, ਪਹਿਲੀ ਅਕਤੂਬਰ, 2024 ਨੂੰ ਸਵੈ ਇੱਛਾ ਨਾਲ ਖ਼ੂਨਦਾਨ ਬਾਰੇ ਕੌਮੀ ਦਿਹਾੜੇ ਮੌਕੇ ਕਰਵਾਈ ਗਈ ਵੱਕਾਰੀ 'ਇੰਡੀਆ ਬਲੱਡ ਡੋਨੇਸ਼ਨ ਐਨ.ਜੀ.ਓ ਕਨਕਲੇਵ' ਦੌਰਾਨ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਡਾਇਰੈਕਟੋਰੇਟ ਜਨਰਲ ਆਫ਼ ਹੈਲਥ ਸਰਵਿਸਿਜ਼ ਦੀ ਬਲੱਡ ਟਰਾਂਸ-ਫਿਊਜ਼ਨ ਸਰਵਿਸਿਜ਼ ਵੱਲੋਂ ਪ੍ਰਦਾਨ ਕੀਤੀ ਗਈ ਏ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਬਲਬੀਰ ਸਿੰਘ ਨੇ

ਕਿਹਾ ਕਿ ਇਹ ਮਾਨਤਾ ਸਾਲ 2023-24 ਵਿਚ ਸ਼ਾਨਦਾਰ ਕਾਰਗੁਜ਼ਾਰੀ ਲਈ ਦਿੱਤੀ ਗਈ ਏ। ਇਸ ਸਮੇਂ ਦੌਰਾਨ, ਕੌਂਸਲ ਨੇ 11 ਹਜ਼ਾਰ 109 ਖ਼ੂਨਦਾਨ ਕੈਂਪ ਲਗਾਏ ਅਤੇ ਭਾਰਤ ਸਰਕਾਰ ਦੇ 4 ਲਖ 60 ਹਜ਼ਾਰ ਯੂਨਿਟ ਦੇ ਟੀਚੇ ਨੂੰ ਪਾਰ ਕਰਦਿਆਂ 4 ਲਖ 93 ਹਜ਼ਾਰ ਯੂਨਿਟ ਖ਼ੂਨ ਇਕੱਠਾ ਕੀਤਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ 182 ਲਾਇਸੰਸਸ਼ੁਦਾ ਖ਼ੂਨ ਕੇਂਦਰਾਂ ਦਾ ਨੈੱਟਵਰਕ ਮੌਜੂਦ ਹੈ, ਜਿਸ ਵਿੱਚ ਸਾਰੇ ਜ਼ਿਲ੍ਹਿਆਂ ’ਚ ਫੈਲੇ 49 ਸਰਕਾਰੀ ਖ਼ੂਨ ਕੇਂਦਰ ਸ਼ਾਮਲ ਹਨ, ਜੋ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਵਿਆਪਕ ਕਵਰੇਜ ਨੂੰ ਯਕੀਨੀ ਬਣਾਉਂਦੇ ਨੇ। ਇਹ ਪੁਰਸਕਾਰ ਸੰਯੁਕਤ ਡਾਇਰੈਕਟਰ ਡਾ. ਸੁਨੀਤਾ ਦੇਵੀ ਅਤੇ ਸੁਰਿੰਦਰ ਸਿੰਘ ਨੇ ਸੂਬੇ ਤਰਫ਼ੋਂ ਪ੍ਰਾਪਤ ਕੀਤਾ।

---------------------------------------------------

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ, ਪੰਜਾਬ ਵਿਚ ਪੰਚਾਇਤੀ ਚੋਣਾਂ ਵਿਚ ਰਾਖਵਾਂਕਰਨ, ਇਕ ਪਰਿਵਾਰ ਦੀ ਵੱਖ-ਵੱਖ ਵਾਰਡ ’ਚ ਵੋਟ ਬਨਣ ਅਤੇ ਐਨ. ਓ. ਸੀ. ਵਿਸ਼ੇ ’ਤੇ ਦਾਇਰ ਸਾਰੀਆਂ ਪਟੀਸ਼ਨਾਂ ਨੂੰ ਰੱਦ ਕਰ ਦਿੱਤਾ ਏ। ਖਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਨੇ ਦਸਿਆ ਏ ਕਿ

ਹਾਈ ਕੋਰਟ ’ਚ ਇਸ ਬਾਰੇ  ਕਈ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਸਨ। ਹਾਈ ਕੋਰਟ ਦੇ ਜਸਟਿਸ ਸੁਰੇਸ਼ਵਰ ਠਾਕੁਰ ਦੀ ਬੈਂਚ ਨੇ ਸੂਬਾ  ਚੋਣ ਕਮਿਸ਼ਨ ਨੂੰ ਹੁਕਮ ਦਿੱਤਾ ਏ  ਕਿ ਉਹ ਇਨ੍ਹਾਂ ਵਿਸ਼ਿਆਂ ’ਤੇ ਉਚਿਤ ਕਾਰਵਾਈ ਕਰੇ। ਇਸਤੋਂ ਇਲਾਵਾ ਪੰਜਾਬ ਦੇ ਕਈ ਥਾਵਾਂ ਤੋਂ ਸਰਪੰਚਾਂ ਦੇ ਅਹੁਦੇ ਲਈ ਬੋਲੀ ਲਗਾਉਣ ਖਿਲਾਫ਼ ਵੀ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕਰਕੇ, ਇਸ ’ਤੇ ਰੋਕ ਲਗਾਉਣ ਦੀ ਮੰਗ ਕੀਤੀ ਗਈ ਸੀ। ਹਾਈ ਕੋਰਟ ਦੇ ਵਕੀਲ ਸਤਿੰਦਰ ਕੌਰ ਵਲੋਂ ਦਾਇਰ ਪਟੀਸ਼ਨ ਵਿਚ ਦੋਸ਼ ਲਗਾਇਆ ਗਿਆ ਏ  ਕਿ ਸਰਪੰਚ ਦੇ ਅਹੁਦੇ ਨੂੰ ਵੇਚਣ ਦਾ ਮਾਮਲਾ ਪੂਰੀ ਤਰ੍ਹਾਂ ਨਾਲ ਗੈਰ ਸੰਵਿਧਾਨਕ ਏ ।  ਹਾਈ ਕੋਰਟ ਨੇ ਸੂਬਾ  ਚੋਣ ਕਮਿਸ਼ਨ ਨੂੰ ਇਸ ਮਾਮਲੇ ਵਿਚ ਠੋਸ ਕਦਮ ਚੁੱਕਣ ਦੇ ਹੁਕਮ ਦਿੱਤੇ ਨੇ ।

---------------------------------------------------------------

ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਗਿਆ । ਹਰਿਆਣਾ ਦੀਆਂ 90 ਵਿਧਾਨ ਸਭਾ ਸੀਟਾਂ ਲਈ ਸ਼ਨੀਵਾਰ ਨੂੰ ਇਕੋ ਗੇੜ ਦੀ ਵੋਟਿੰਗ ਹੋਵੇਗੀ । ਵੋਟਿੰਗ ਦਾ ਸਮਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗਾ । ਵੋਟਾਂ ਦੀ ਗਿਣਤੀ ਜੰਮੂ-ਕਸ਼ਮੀਰ ਦੇ ਨਾਲ-ਨਾਲ

8 ਅਕਤੂਬਰ ਨੂੰ ਹੀ ਹੋਵੇਗੀ। ਹਰਿਆਣਾ ਵਿੱਚ ਚੋਣ ਪ੍ਰਚਾਰ ਦੇ ਆਖ਼ਰੀ ਦਿਨ ਅਜੇ ਵੱਖ-ਵੱਖ ਪਾਰਟੀਆਂ ਦੇ ਸਟਾਰ ਪ੍ਰਚਾਰਕਾਂ ਨੇ ਆਪੋ-ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਜਨ ਸਮਰਥਨ ਜੁਟਾਉਣ ਲਈ ਜਨਤਕ ਮੀਟਿੰਗਾਂ ਅਤੇ ਰੋਡ ਸ਼ੋਅ ਕੀਤੇ। ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਹੁਣ ਸਿਆਸੀ ਪਾਰਟੀਆਂ ਜਾਂ ਉਮੀਦਵਾਰ, ਕਿਸੇ ਵੀ ਤਰ੍ਹਾਂ ਦੀ ਮੀਟਿੰਗ ਜਾਂ ਜਨਤਕ ਮੀਟਿੰਗ ਨਹੀਂ ਕਰ ਸਕਣਗੇ। ਉਮੀਦਵਾਰਾਂ ਅਤੇ ਸਿਆਸੀ ਪਾਰਟੀਆਂ ਦੇ ਚੋਣ ਪ੍ਰਚਾਰ 'ਤੇ ਪਾਬੰਦੀ ਸ਼ਾਮ 6 ਵਜੇ ਤੋਂ ਲਾਗੂ ਹੋ ਗਈ ਏ। ਇਸ ਸਮੇਂ ਦੌਰਾਨ ਲਾਊਡ-ਸਪੀਕਰ ਦੀ ਵਰਤੋਂ 'ਤੇ ਵੀ ਪਾਬੰਦੀ ਰਹੇਗੀ। ਸ੍ਰੀ ਅਗਰਵਾਲ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਉਮੀਦਵਾਰਾਂ ਅਤੇ ਚੋਣ ਏਜੰਟਾਂ ਨੂੰ ਛੱਡ ਕੇ, ਹੋਰ ਪਾਰਟੀ ਵਰਕਰ ਜਾਂ ਆਗੂ ਅਤੇ ਪ੍ਰਚਾਰਕ, ਜੋ ਸਬੰਧਤ ਹਲਕੇ ਦੇ ਵੋਟਰ ਨਹੀਂ ਹਨ, ਉਸ ਹਲਕੇ ਵਿੱਚ ਨਹੀਂ ਰਹਿ ਸਕਦੇ। ਸਾਰੇ ਮੰਤਰੀਆਂ, ਸੰਸਦ ਮੈਂਬਰਾਂ ਅਤੇ ਰਾਜ ਵਿਧਾਨ ਸਭਾ ਦੇ ਮੈਂਬਰਾਂ ਨੂੰ ਵੀ ਪੋਲਿੰਗ ਖਤਮ ਹੋਣ ਲਈ, ਨਿਰਧਾਰਤ ਸਮੇਂ ਦੇ ਨਾਲ 48 ਘੰਟੇ ਦੀ ਮਿਆਦ ਖਤਮ ਹੋਣ ਤੋਂ ਪਹਿਲਾਂ, ਚੋਣ ਖੇਤਰ ਛੱਡਣਾ ਹੋਵੇਗਾ।

-----------------------------------------------------------------

ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਪ੍ਰਬੰਧਨ ਦੀ ਅਪੀਲ ਕੀਤੀ ਜਾ ਰਹੀ ਏ। ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਓਮਾ ਸੰਕਰ ਗੁਪਤਾ ਪਿੰਡਾਂ ਵਿਚ ਜਾਕੇ ਕਿਸਾਨਾਂ ਨੂੰ ਇਸ ਬਾਰੇ ਜਾਗਰੂਕ ਕਰ ਰਹੇ ਨੇ। BYTES-

ਇਸੇ ਤਰਾਂ ਸੂਬੇ ਵਿਚ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਕਰਨ ਵਾਲੇ ਕਈ ਕਿਸਾਨ ਵੀਰ ਵੀ, ਸਾਰਿਆਂ ਲਈ ਰਾਹ ਦਸੇਰੇ ਬਣੇ ਹੋਏ ਨੇ। ਮੋਗਾ ਅਤੇ ਮੋਹਾਲੀ ਜ਼ਿਲੇ ਦੇ ਰਹਿਣ ਵਾਲੇ ਕਿਸਾਨਾਂ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ BYTES:-

-----------------------------------------------------------------

ਦੇਵੀ ਦੁਰਗਾ ਦੀ ਪੂਜਾ ਦਾ 9 ਦਿਨਾਂ ਨਵਰਾਤੇਆਂ ਦਾ ਤਿਉਹਾਰ - ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋ ਗਿਆ। ਨਵਰਾਤਰੀ ਦੌਰਾਨ ਮਾਤਾ ਦੁਰਗਾ ਦੇ 9 ਰੂਪਾਂ ਦੀ ਪੂਜਾ ਕੀਤੀ ਜਾਂਦੀ ਏ। ਪਹਿਲੇ ਦਿਨ, ਦੇਵੀ

ਦੁਰਗਾ ਦੀ ਸ਼ੈਲਪੁਤਰੀ ਦੇ ਰੂਪ ਵਿੱਚ ਪੂਜਾ ਕੀਤੀ ਜਾ ਰਹੀ ਏ । ਜਲੰਧਰ ਦੇ ਦੇਵੀ ਤਲਾਬ ਮੰਦਰ ਸਮੇਤ ਸੂਬੇ ਭਰ ਵਿਚ ਵੱਖ ਵੱਖ ਥਾਵਾਂ ਤੇ ਮੰਦਰਾਂ ਨੂੰ ਖੂਬਸੂਰਤ ਢੰਗ ਨਾਲ ਸਜਾਇਆ ਗਿਆ ਏ । ਸਵੇਰ ਤੋਂ ਮੰਦਰਾਂ ਵਿਚ ਸ਼ਰਧਾਲੂ ਸ਼ਰਧਾ ਭਾਵਨਾ ਨਾਲ ਨਤਮਸਤਕ ਹੋ ਰਹੇ ਨੇ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਤੋਂ ਸ਼ੁਰੂ ਹੋਏ ਨਰਾਤਿਆਂ ਦੀਆਂ ਦੇਸ਼ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ ।

-----------------------------------------------------------

ਓਧਰ ਅੰਮ੍ਰਿਤਸਰ ਵਿਖੇ ਵੱਡਾ ਹਨੂੰਮਾਨ ਮੰਦਿਰ ਵਿਚ ਹਰ ਸਾਲ ਲੱਗਣ ਵਾਲਾ ਵਿਸ਼ਵ ਪ੍ਰਸਿੱਧ ਲੰਗੂਰ ਮੇਲਾ ਨਰਾਤਿਆਂ ਦੇ ਪਹਿਲੇ ਦਿਨ ਤੋਂ ਸ਼ੁਰੂ ਹੋ ਗਿਆ ਏ । ਮੇਲੇ ਨੂੰ ਲੈਕੇ ਲੋਕਾਂ ਵਿਚ ਕਾਫੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ । ਇਸ ਮੇਲੇ ਵਿਚ ਬੱਚਿਆਂ ਤੋਂ ਲੈ ਕੇ ਨੌਜਵਾਨ ਤੱਕ ਲੰਗੂਰ ਬਣਦੇ ਨੇ ਤੇ ਪੂਰੇ 10 ਦਿਨ ਤੱਕ ਬ੍ਰਹਮਚਾਰੀਆ ਵਰਤ ਦੇ ਨਾਲ ਪੂਰਾ ਸਾਤਵਿਕ ਜੀਵਨ ਬਤੀਤ ਕਰਦੇ ਨੇ । ਦਸ ਦਿਨ ਚੱਲਣ ਵਾਲਾ ਇਹ ਵਰਤ ਦੁਸਹਿਰੇ ਵਾਲੇ ਦਿਨ ਸਮਾਪਤ ਹੁੰਦਾ ਏ ।

---------------------------------------------------------

ਪੰਜਾਬ ਦੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਉਪਰਾਲੇ ਨਾਲ, ਸੂਬੇ ਦੀਆਂ ਛੇ ਆਈ.ਟੀ.ਆਈਜ. ਨੂੰ ਰਾਜ ਸਭਾ ਮੈਂਬਰ ਵਿਕਰਮ ਜੀਤ ਸਿੰਘ ਸਾਹਨੀ ਵਲੋਂ ਅਪਨਾਉਣ ਸਬੰਧੀ ਅੱਜ ਸਮਝੌਤਾ ਸਹੀਬੱਧ ਕੀਤਾ ਗਿਆ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਦੇ ਨੌਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਲਈ ਤਕਨੀਕੀ ਸਿੱਖਿਆ ਵਿਭਾਗ ਵਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ ਪਰ ਦਿਨੋਂ ਦਿਨ ਤਕਨੀਕੀ ਵਿਕਾਸ ਕਾਰਨ ਸਾਡੀਆਂ ਆਈ.ਟੀ.ਆਈਜ. ਨਵੀ ਸਿੱਖਿਆ ਦੇਣ ਵਿਚ ਕੁਝ ਘਾਟ ਮਹਿਸੂਸ ਹੋ ਰਹੀ ਸੀ ਜਿਸ ਲਈ ਉਨ੍ਹਾਂ ਵਿਕਰਮਜੀਤ ਸਿੰਘ ਸਾਹਨੀ ਨਾਲ ਤਾਲਮੇਲ ਕੀਤਾ ਜਿਸ ਨੂੰ ਸਵੀਕਾਰ ਕਰਦਿਆਂ ਸ੍ਰੀ ਸਾਹਨੀ ਨੇ ਸੂਬੇ ਦੀਆਂ ਛੇ ਆਈ.ਟੀ.ਆਈਜ. ਨੂੰ ਅਪਨਾਉਣ ਸਬੰਧੀ ਅੱਜ ਸਮਝੌਤਾ ਕੀਤਾ ਗਿਆ ਏ। ਇਨਾ ਵਿਚ ਲੁਧਿਆਣਾ, ਪਟਿਆਲਾ, ਮਾਣਕਪੁਰ ਸ਼ਰੀਫ਼ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੁਨਾਮ ਕਰੋੜ, ਅਤੇ ਆਈਂ. ਟੀ.ਆਈ. ਲਾਲੜੂ ਸ਼ਾਮਿਲ ਨੇ।

-------------------------------------------------------------------

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਟੈਕਸ ਚੋਰੀ ਦੇ ਮਾਮਲਿਆਂ ਨੂੰ ਠੱਲ੍ਹ ਪਾਉਣ ਲਈ ਜੀ.ਐਸ.ਟੀ. ਵਿਭਾਗ ਨੇ ਸਖਤੀ ਕਰਨੀ ਸ਼ੁਰੂ ਕਰ ਦਿੱਤੀ ਏ , ਇਸੇ ਤਹਿਤ ਸ੍ਰੀ ਮੁਕਤਸਰ ਸਾਹਿਬ ਦੇ ਸਹਾਇਕ ਕਮਿਸ਼ਨਰ ਰਾਜ ਕਰ, ਰੋਹਿਤ ਗਰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਭਾਗ ਦੇ ਅਫ਼ਸਰਾਂ ਵੱਲੋਂ ਬਾਜ਼ਾਰਾਂ ਵਿੱਚ ਅਚਨਚੇਤ ਚੈਕਿੰਗ ਕੀਤੀ ਗਈ। ਵਿਭਾਗ ਦੇ ਅਫ਼ਸਰਾਂ ਵੱਲੋਂ ਪਲਿਸ ਵਿਭਾਗ ਦੇ ਸਹਿਯੋਗ ਨਾਲ ਦੁਕਾਨਾਦਾਰਾਂ ਵੱਲੋਂ ਸੇਲ ਲਈ ਜਾਰੀ ਕੀਤੇ ਜਾਂਦੇ ਰਿਟੇਲ ਬਿੱਲਾਂ ਦੀ ਚੈਕਿੰਗ ਕੀਤੀ ਗਈ । ਓਧਰ ਪਟਿਆਲਾ ਕਰ ਵਿਭਾਗ ਦੀਆਂ ਟੀਮਾਂ ਨੇ ਪਟਿਆਲਾ ਸ਼ਹਿਰ ਸਮੇਤ ਸਮਾਣਾ, ਪਾਤੜਾਂ, ਰਾਜਪੁਰਾ ਤੇ ਨਾਭਾ ਦੇ ਬਾਜ਼ਾਰਾਂ ਵਿੱਚ ਅਚਨਚੇਤ ਚੈਕਿੰਗ ਕੀਤੀ ਅਤੇ ਟੈਕਸ ਚੋਰੀ ਦੇ ਮਾਮਲੇ ਸਾਹਮਣੇ ਆਉਣ 'ਤੇ ਦੋ ਦਰਜਨ ਨੋਟਿਸ ਵੀ ਕੱਢੇ। ਸਹਾਇਕ ਕਮਿਸ਼ਨਰ ਕੰਨੂ ਗਰਗ ਨੇ ਵਪਾਰ ਮੰਡਲ ਦੇ ਵੱਖ-ਵੱਖ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਪੂਰਾ ਬਣਦਾ ਜੀ.ਐੱਸ.ਟੀ. ਅਤੇ ਸਾਰੇ ਬਿੱਲ ਕੱਟਣ ਸਬੰਧੀ ਜਾਣਕਾਰੀ ਦਿੱਤੀ । ਉਨ੍ਹਾਂ ਨੇ ਵਪਾਰੀਆਂ ਨੂੰ

ਅਪੀਲ ਕੀਤੀ ਕਿ ਹਰ ਤਰ੍ਹਾਂ ਦੇ ਵੇਚੇ ਗਏ ਸਮਾਨ ਦਾ ਪੂਰਾ ਬਿੱਲ ਕੱਟਣਾ ਯਕੀਨੀ ਬਣਾਇਆ ਜਾਵੇ। ਕੰਨੂ ਗਰਗ ਨੇ ਕਿਹਾ ਕਿ ਸਮੂਹ ਵਪਾਰੀ ਤੇ ਦੁਕਾਨਦਾਰ ਇਹ ਯਕੀਨੀ ਬਣਾਉਣ ਕਿ ਉਹ ਗਾਹਕਾਂ ਨੂੰ ਸਮਾਨ ਵੇਚਣ ਸਮੇਂ ਬਿਲ ਜਰੂਰ ਦੇਣ, ਜਿਸ ਨੂੰ ਕਿ ਕਰ ਵਿਭਾਗ ਵੱਲੋਂ ਕਿਸੇ ਵੀ ਸਮੇਂ ਚੈਕ ਕੀਤਾ ਜਾ ਸਕਦਾ ਏ । ਉਨ੍ਹਾਂ ਨੇ ਗਾਹਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਕੋਈ ਸਮਾਨ ਲੈਣ ਸਮੇਂ ਦੁਕਾਨਦਾਰ ਜਾਂ ਵਪਾਰੀ ਤੋਂ ਪੂਰਾ ਬਿਲ ਜਰੂਰ ਲੈਣ।

---------------------------------------------------

ਪਠਾਨਕੋਟ ਦੇ ਨਾਲ ਲਗਦੇ ਚੱਕੀ ਦਰਿਆ ਵਿੱਚ ਪੂਜਾ ਸਮੱਗਰੀ ਜਾਲ ਪ੍ਰਵਾਹ ਕਰਨ ਗਏ ਪਿਤਾ-ਪੁੱਤਰ ਪਾਣੀ ਦੇ ਤੇਜ਼ ਵਹਾਅ ਵਿੱਚ ਵਹਿ ਗਏ । ਡੀ.ਐਸ.ਪੀ ਇੰਦੌਰਾ ਸੰਜੀਵ ਕੁਮਾਰ ਨੇ ਦੱਸਿਆ ਕਿ ਜਾਣਕਾਰੀ ਮਿਲਣ ਤੇ ਪੁਲੀਸ ਨੇ ਗੋਤਾਖੋਰਾਂ ਨਾਲ ਭਾਲ ਸ਼ੁਰੂ ਕੀਤੀ ਏ । ਪਿਤਾ ਦੀ ਮ੍ਰਿਤਕ ਨੂੰ ਬਰਾਮਦ ਕਰ ਲਿਆ ਗਿਆ ਤੇ ਪੁੱਤਰ ਨੂੰ ਦਰਿਆ ਵਿਚ ਖੋਜਣ ਲਈ ਐਨ.ਡੀ.ਆਰ. ਐਫ ਦੀ ਮੱਦਦ ਲਈ ਜਾ ਰਹੀ ਏ । ਮ੍ਰਿਤਕ ਵਿਨੈ

ਕੁਮਾਰ ਪਠਾਨਕੋਟ ਦੇ ਬਸੰਤ ਕਲੋਨੀ ਦਾ ਰਹਿਣ ਵਾਲਾ ਏ ।

---------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਦਿਆਰਥੀਆਂ ਨੂੰ ਆਪਣੇ ਵਿਵਹਾਰ ਅਤੇ ਗਤੀਵਿਧੀਆਂ ਵਿੱਚ ਮਜ਼ਬੂਤ ਨੈਤਿਕ ਕਦਰਾਂ ਕੀਮਤਾਂ ਅਪਣਾਉਣ ਦਾ ਸੱਦਾ ਦਿੱਤਾ ਏ।
- ਖ਼ੂਨਦਾਨ ਕਰਨ ਵਿੱਚ ਪੰਜਾਬ ਸਮੁੱਚੇ ਭਾਰਤ ਦੇ ਤਿੰਨ ਮੋਹਰੀ ਸੂਬਿਆਂ ਵਿਚੋਂ ਇੱਕ।
- ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ, ਪੰਚਾਇਤੀ ਚੋਣਾਂ ਸਬੰਧੀ ਦਾਇਰ ਸਾਰੀਆਂ ਪਟੀਸ਼ਨਾਂ ਰੱਦ ਕੀਤੀਆਂ।
- ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਗਿਆ। ਵੋਟਾਂ ਸ਼ਨੀਵਾਰ ਨੂੰ ਪੈਣਗੀਆਂ।
- ਮਾਤਾ ਦੁਰਗਾ ਦੀ ਪੂਜਾ ਦਾ 9 ਦਿਨਾਂ ਨਰਾਤੇਆਂ ਦਾ ਤਿਉਹਾਰ - ਅੱਜ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋਇਆ- ਅੰਮ੍ਰਿਤਸਰ ਵਿਖੇ ਵਿਸ਼ਵ ਪ੍ਰਸਿੱਧ ਲੰਗੂਰ ਮੇਲੇ ਦਾ ਆਗਾਜ਼।